ਪੰਜਾਬ ਵਿਧਾਨ ਸਭਾ ਸਕੱਤਰੇਤ

ਸੋਮਵਾਰ, ਮਿਤੀ 25 ਫਰਵਰੀ, 2019 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ
ਬੈਠਕ ਵਿਚ ਪੁੱਛੇ ਜਾਣ ਵਾਲੇ ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ।

## ਪੈਪਸੂ ਅਤੇ ਪੰਜਾਬ ਰੋਡਵੇਜ਼ ਦੀਆਂ ਵੋਲਵੋ ਬੱਸਾਂ ਨੂੰ ਦਿੱਲੀ ਏਅਰਪੋਰਟ ਜਾਣ ਦੇਣ ਦੀ ਆਗਿਆ ਸਬੰਧੀ

281. **ਸਰਦਾਰ ਬਲਵਿੰਦਰ ਸਿੰਘ ਬੈਂਸ, ਐਮ.ਐਲ.ਏ.:-** ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪੈਪਸੂ ਅਤੇ ਪੰਜਾਬ ਰੋਡਵੇਜ਼ ਦੀਆਂ ਜੋ ਵੋਲਵੋ ਬੱਸਾਂ ਦਿੱਲੀ ਏਅਰਪੋਰਟ ਤੇ ਜਾਂਦੀਆਂ ਹਨ, ਨੂੰ ਦਿੱਲੀ ਪੁਲਿਸ ਦੁਆਰਾ ਜ਼ਬਤ ਕਰ ਲਿਆ ਜਾਂਦਾ ਹੈ ਅਤੇ ਪੰਜਾਬ ਦੀਆਂ ਹੋਰ ਬੱਸ ਕੰਪਨੀਆਂ ਦੀਆਂ ਬੱਸਾਂ ਨੂੰ ਹੀ ਏਅਰਪੋਰਟ ਵੱਲ ਜਾਣ ਦੀ ਆਗਿਆ ਦਿੱਤੀ ਜਾਂਦੀ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਸਰਕਾਰ ਇਸ ਸਬੰਧ ਵਿੱਚ ਦਿੱਲੀ ਸਰਕਾਰ ਪਾਸ ਮਾਮਲਾ ਉਠਾਏਗੀ?

## ਸਰਕਾਰੀ ਬੱਸਾਂ ਨੂੰ ਸਵਾਰੀਆਂ ਚੁੱਕਣ ਲਈ ਜਿਆਦਾ ਸਮਾਂ ਦੇਣਾ

282. **ਸਰਦਾਰ ਬਲਵਿੰਦਰ ਸਿੰਘ ਬੈਂਸ, ਐਮ.ਐਲ.ਏ.:-** ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪੰਜਾਬ ਰਾਜ ਦੇ ਬੱਸ ਅੱਡਿਆਂ ਉੱਤੇ ਪ੍ਰਾਈਵੇਟ ਕੰਪਨੀਆਂ ਦੀਆਂ ਬੱਸਾਂ ਵਾਲਿਆ ਨੂੰ ਲਾਭ ਪਹੁੰਚਾਉਣ ਖਾਤਰ ਸਵਾਰੀਆਂ ਚੁੱਕਣ ਲਈ ਜਿਆਦਾ ਸਮਾਂ ਦਿੱਤਾ ਜਾਂਦਾ ਹੈ ਅਤੇ ਸਰਕਾਰੀ ਬੱਸਾਂ ਨੂੰ ਬਹੁਤ ਥੋੜਾ ਸਮਾਂ ਦਿੱਤਾ ਜਾਂਦਾ ਹੈ ਜਿਸ ਨਾਲ ਸਰਕਾਰੀ ਖਜਾਨੇ ਨੂੰ ਨੁਕਸਾਨ ਪਹੁੰਚਦਾ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਸਰਕਾਰ ਇਸ ਸਬੰਧ ਵਿੱਚ ਕੋਈ ਕਾਰਵਾਈ ਕਰੇਗੀ?

## ਟ੍ਰੈਫਿਕ ਜਾਮ ਦੀ ਸਮੱਸਿਆ ਦਾ ਹੱਲ ਕਰਨਾ

283. **ਸਰਦਾਰ ਬਲਵਿੰਦਰ ਸਿੰਘ ਬੈਂਸ, ਐਮ.ਐਲ.ਏ.:-** ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਲੁਧਿਆਣਾ ਵਿਖੇ ਅਰੋੜਾ ਪੈਲੇਸ ਦੇ ਨੇੜੇ ਏ.ਟੀ.ਆਈ ਵਾਲੀ ਗਲੀ ਦੇ ਸਾਹਮਣੇ ਲਾਇਟਾਂ ਵਾਲੇ ਚੌਂਕ ਵਿੱਚ ਲੱਗੇ ਹੋਏ ਖੰਬਿਆਂ ਕਾਰਨ ਲਗਾਤਾਰ ਟ੍ਰੈਫਿਕ ਜਾਮ ਰਹਿੰਦਾ ਹੈ ਅਤੇ ਜਨਤਾ ਨੂੰ ਭਾਰੀ ਔਕੜ ਦਾ ਸਾਹਮਣਾ ਕਰਨਾ ਪੈ ਰਿਹਾ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਸਰਕਾਰ ਇਸ ਸਬੰਧ ਵਿੱਚ ਕੋਈ ਕਾਰਵਾਈ ਕਰ ਰਹੀ ਹੈ ਜਾਂ ਕਰੇਗੀ?

ਚੰਡੀਗੜ੍ਹ
ਮਿਤੀ 21 ਫਰਵਰੀ, 2019

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ,
ਪੰਜਾਬ ਵਿਧਾਨ ਸਭਾ।

ਸੁਪਰਡੈਂਟ
ਪੰਜਾਬ ਵਿਧਾਨ ਸਭਾ
ਚੰਡੀਗੜ੍ਹ